World Punjabi News Network
WORLD PUNJABI ਪੰਜਾਬੀ | ਪੰਜਾਬੀ NEWS
ਲੋਕ ਹਿੱਤ ਵਿੱਚ ਪੱਤਰਕਾਰੀ
@worldpunjabinews
@worldpunjabinewstv
@wpunjabinews
@worldpunjabinews
@worldpunjabinews



# ਹਰਿਆਣਾ ਸਰਕਾਰ ਨੂੰ ਹਾਈਕੋਰਟ ਦੀ ਫਟਕਾਰ, ਤੁਸੀਂ ਅਤਿਵਾਦੀ ਨਹੀਂ ਜੋ ਕਿਸਾਨਾਂ 'ਤੇ ਗੋਲੀਆਂ ਚਲਾ ਰਹੇ ਹੋ

## ਦੋਵਾਂ ਸੂਬਿਆਂ 'ਚ ਇੰਟਰਨੈੱਟ ਸੇਵਾਵਾਂ ਮੁਅੱਤਲ ਕਰਨ 'ਤੇ ਜਵਾਬ ਦਾਇਰ ਕਰਨ ਦਾ ਆਦੇਸ਼



**ਚੰਡੀਗੜ੍ਹ ।** ਕਿਸਾਨ ਅੰਦੋਲਨ 'ਚ ਸ਼ੁਭਕਰਨ ਦੀ ਮੌਤ ਦੇ ਮਾਮਲੇ 'ਚ ਪੰਜਾਬ-ਹਰਿਆਣਾ ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਸਖ਼ਤ ਝਾੜ ਪਾਈ ਹੈ ਅਤੇ ਕਿਹਾ ਕਿ ਤੁਸੀਂ ਸਰਕਾਰ ਹੋ ਨਾ ਕਿ ਅਤਿਵਾਦੀ ਜੋ ਇਸ ਤਰ੍ਹਾਂ ਕਿਸਾਨਾਂ 'ਤੇ ਗੋਲੀਆਂ ਚਲਾ ਰਹੇ ਹੋ। ਹਾਈ ਕੋਰਟ ਨੇ ਹਰਿਆਣਾ, ਪੰਜਾਬ ਅਤੇ ਹੋਰ ਜਵਾਬਦਾਤਾਵਾਂ ਨੂੰ ਨੋਟਿਸ ਜਾਰੀ ਕਰ ਕੇ ਮੌਤ ਦੀ ਨਿਆਂਇਕ ਜਾਂਚ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਜਵਾਬ ਮੰਗਿਆ ਹੈ। ਕਿਸਾਨ ਅੰਦੋਲਨ ਨਾਲ ਜੁੜੀਆਂ ਵੱਖ-ਵੱਖ ਪਟੀਸ਼ਨਾਂ ਸੁਣਵਾਈ ਲਈ ਕਾਰਜਕਾਰੀ ਚੀਫ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਅਤੇ ਜਸਟਿਸ ਲਪਿਤਾ ਬੈਨਰਜੀ ਦੀ ਡਿਵੀਜ਼ਨ ਬੈਂਚ ਕੋਲ ਪਹੁੰਚੀਆਂ। ਸੁਣਵਾਈ ਦੌਰਾਨ ਹਾਈ ਕੋਰਟ ਨੇ ਸ਼ੁਭਕਰਨ ਦੀ ਮੌਤ ਤੋਂ ਬਾਅਦ ਐਫਆਈਆਰ ਦਰਜ ਕਰਨ ਵਿਚ ਇੱਕ ਹਫ਼ਤੇ ਦੀ ਦੇਰੀ ਲਈ ਹਰਿਆਣਾ ਅਤੇ ਪੰਜਾਬ ਦੋਵਾਂ ਨੂੰ ਝਾੜ ਪਾਈ। ਹਾਈ ਕੋਰਟ ਨੇ ਕਿਹਾ ਕਿ ਲਾਸ਼ ਨੂੰ ਇਕ ਹਫ਼ਤੇ ਲਈ ਰੱਖਿਆ ਗਿਆ ਸੀ ਅਤੇ ਜਾਂਚ ਸ਼ੁਰੂ ਨਹੀਂ ਕੀਤੀ ਗਈ ਸੀ। ਜੇ ਮੌਤ ਕੁਦਰਤੀ ਨਹੀਂ ਸੀ, ਤਾਂ ਪੋਸਟਮਾਰਟਮ ਅਤੇ ਐਫਆਈਆਰ ਦਰਜ ਕਰਨ ਵਿਚ ਇੰਨੀ ਦੇਰੀ ਕਿਉਂ ਹੋਈ? ਇਸ 'ਤੇ ਪੰਜਾਬ ਸਰਕਾਰ ਨੇ ਕਿਹਾ ਕਿ ਪਿਛਲੇ ਦਿਨ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਪੋਸਟਮਾਰਟਮ ਕੀਤਾ ਗਿਆ ਹੈ। ਇਸ ਮਾਮਲੇ ਵਿਚ ਕਤਲ ਦੀ ਐਫਆਈਆਰ ਦਰਜ ਕੀਤੀ ਗਈ ਹੈ। ਹਾਈ ਕੋਰਟ ਨੇ ਕਿਹਾ ਕਿ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਅਸੀਂ ਇਸ ਮਾਮਲੇ 'ਚ ਜ਼ਰੂਰੀ ਆਦੇਸ਼ ਜਾਰੀ ਕਰਾਂਗੇ। ਸੁਪਰੀਮ ਕੋਰਟ ਨੇ ਹਰਿਆਣਾ, ਪੰਜਾਬ ਅਤੇ ਕੇਂਦਰ ਨੂੰ ਨੋਟਿਸ ਜਾਰੀ ਕਰਕੇ ਇਸ ਮਾਮਲੇ ਦੀ ਜਾਂਚ ਦੀ ਮੰਗ ਕੀਤੀ ਹੈ। ਸੁਣਵਾਈ ਦੌਰਾਨ ਹਾਈ ਕੋਰਟ ਨੇ ਦੋਵਾਂ ਸੂਬਿਆਂ ਨੂੰ ਦੋਵਾਂ ਸੂਬਿਆਂ 'ਚ ਇੰਟਰਨੈੱਟ ਸੇਵਾਵਾਂ ਮੁਅੱਤਲ ਕਰਨ 'ਤੇ ਜਵਾਬ ਦਾਇਰ ਕਰਨ ਦਾ ਆਦੇਸ਼ ਦਿੱਤਾ ਹੈ। ਪਟੀਸ਼ਨਕਰਤਾ ਵੱਲੋਂ ਵੱਖ-ਵੱਖ ਫ਼ੈਸਲੇ ਪੇਸ਼ ਕੀਤੇ ਗਏ ਜਿਸ ਅਨੁਸਾਰ ਇੰਟਰਨੈੱਟ ਲੋਕਾਂ ਦਾ ਅਧਿਕਾਰ ਹੈ ਅਤੇ ਇਸ ਨੂੰ ਖੋਹਿਆ ਨਹੀਂ ਜਾ ਸਕਦਾ। ਹਾਈ ਕੋਰਟ ਨੇ ਸਰਕਾਰ ਨੂੰ ਇਨ੍ਹਾਂ ਫ਼ੈਸਲਿਆਂ 'ਤੇ ਆਪਣਾ ਪੱਖ ਰੱਖਣ ਦਾ ਆਦੇਸ਼ ਦਿੱਤਾ ਹੈ। ਸੁਣਵਾਈ ਦੌਰਾਨ ਹਾਈ ਕੋਰਟ ਨੇ ਕਿਸਾਨਾਂ ਨੂੰ ਝਾੜ ਪਾਈ ਅਤੇ ਕਿਹਾ ਕਿ ਤੁਸੀਂ ਮੰਗਾਂ ਲੈ ਕੇ ਹਾਈਵੇਅ 'ਤੇ ਬੈਠੇ ਹੋ, ਜਦੋਂ ਅਸੀਂ ਸੁਣਵਾਈ ਕਰ ਰਹੇ ਹਾਂ ਤਾਂ ਕਿਸਾਨ ਅਦਾਲਤ 'ਚ ਆ ਕੇ ਆਪਣਾ ਪੱਖ ਕਿਉਂ ਨਹੀਂ ਰੱਖਦੇ। ਜੇਸੀਬੀ ਅਤੇ ਸੋਧੇ ਹੋਏ ਟਰੈਕਟਰਾਂ ਨਾਲ ਅੰਦੋਲਨ ਨੂੰ ਕਿਵੇਂ ਜਾਇਜ਼ ਠਹਿਰਾਇਆ ਜਾ ਸਕਦਾ ਹੈ? ਇਸ ਦੌਰਾਨ ਕੇਂਦਰ ਸਰਕਾਰ ਵੱਲੋਂ ਦੱਸਿਆ ਗਿਆ ਕਿ ਸਰਕਾਰ ਨੇ ਕਿਸਾਨਾਂ ਦੀ ਭਲਾਈ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਹਨ ਅਤੇ ਇਸ ਵਿਵਾਦ ਨੂੰ ਸਰਕਾਰੀ ਪੱਧਰ 'ਤੇ ਸੁਲਝਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕੇਂਦਰ ਸਰਕਾਰ ਨੇ ਹਾਈ ਕੋਰਟ ਨੂੰ ਅਪੀਲ ਕੀਤੀ ਕਿ ਉਹ ਦੇਸ਼ ਦੇ

## ਖਨੌਰੀ ਬਾਰਡਰ 'ਤੇ ਸ਼ਹੀਦ ਹੋਏ ਨੌਜਵਾਨ ਸ਼ੁੱਭਕਰਨ ਨੂੰ ਦਿੱਤੀ ਗਈ ਅੰਤਿਮ ਵਿਦਾਈ



**ਚੰਡੀਗੜ੍ਹ ।** ਖਨੌਰੀ ਬਾਰਡਰ 'ਤੇ ਚੱਲ ਰਹੇ ਕਿਸਾਨ ਅੰਦੋਲਨ 2 ਦੇ ਨੌਜਵਾਨ ਸ਼ਹੀਦ ਕਿਸਾਨ ਸ਼ੁਭਕਰਨ ਸਿੰਘ ਦਾ ਗਮਗੀਨ ਮਾਹੌਲ ਵਿਚ ਸਸਕਾਰ ਕਰ ਦਿੱਤਾ ਗਿਆ ਹੈ। ਸ਼ੁਭਕਰਨ ਦਾ ਸਸਕਾਰ ਕਿਸਾਨੀ ਰੋਹ ਦੇ ਮਹੌਲ ਦੌਰਾਨ ਹੋਇਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ 'ਚ ਆਮ ਲੋਕ ,ਸਿਆਸੀ ਨੇਤਾ ,ਪਿੰਡ ਵਾਸੀ ਹਾਜ਼ਰ ਹੋਏ, ਹਰ ਅੱਖ ਨਮ ਹੋਈ। ਸਸਕਾਰ ਮੌਕੇ ਵੱਖ-ਵੱਖ ਜਥੇਬੰਦੀਆਂ ਕਿਸਾਨੀ ਝੰਡਿਆਂ ਨਾਲ ਮੌਜੂਦ ਸਨ। ਸ਼ੁਭਕਰਨ ਦਾ ਸਸਕਾਰ ਗੁਰੂ ਘਰ ਦੀ ਪ੍ਰਬੰਧਕੀ ਕਮੇਟੀ ਅਤੇ ਪੰਚਾਇਤ ਵੱਲੋਂ ਦਾਨ 'ਚ ਦਿੱਤੀ ਜ਼ਮੀਨ 'ਚ ਕੀਤਾ ਗਿਆ ਹੈ।

## ਮੱਧ ਪ੍ਰਦੇਸ਼ 'ਚ ਵਾਹਨ ਪਲਟਣ ਕਾਰਨ 14 ਵਿਅਕਤੀਆਂ ਦੀ ਮੌਤ ਤੇ 20 ਜ਼ਖ਼ਮੀ



**ਡਿੰਡੋਰੀ (ਮੱਧ ਪ੍ਰਦੇਸ਼)** ਮੱਧ ਪ੍ਰਦੇਸ਼ ਦੇ ਡਿੰਡੋਰੀ ਜ਼ਿਲ੍ਹੇ ਵਿਚ ਪਿੱਕਅਪ ਪਲਟਣ ਕਾਰਨ 14 ਵਿਅਕਤੀਆਂ ਦੀ ਮੌਤ ਹੋ ਗਈ ਅਤੇ 20 ਜ਼ਖ਼ਮੀ ਹੋ ਗਏ। ਇਹ ਹਾਦਸਾ ਦੇਰ ਰਾਤ ਕਰੀਬ 1.30 ਵਜੇ ਬਰਝਾਰ ਘਾਟ ਨੇੜੇ ਵਾਪਰਿਆ। ਡਰਾਈਵਰ ਨੇ ਗੱਡੀ ਤੋਂ ਕੰਟਰੋਲ ਗੁਆ ਦਿੱਤਾ, ਜਿਸ ਤੋਂ ਬਾਅਦ ਗੱਡੀ 40-50 ਫੁੱਟ ਡੂੰਘੀ ਘਾਟੀ ਵਿੱਚ ਜਾ ਡਿੱਗੀ। ਹਾਦਸੇ 'ਚ 14 ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ 20 ਹੋਰ ਜ਼ਖ਼ਮੀ ਹੋ ਗਏ। ਪੁਲੀਸ ਮੁਤਾਬਕ ਮਰਨ ਵਾਲਿਆਂ ਵਿੱਚ ਸੱਤ ਪੁਰਸ਼, ਛੇ ਔਰਤਾਂ ਅਤੇ ਨਾਬਾਲਗ ਲੜਕਾ ਸ਼ਾਮਲ ਹੈ।

## ਸੰਗਰੂਰ ਪੁਲੀਸ ਨੇ 1 ਕਰੋੜ 28 ਲੱਖ ਦੀ ਠੱਗੀ ਮਾਰਨ ਵਾਲੇ ਗਰੋਹ ਦਾ ਪਰਦਾਫਾਸ਼ ਕੀਤਾ, ਛੱਤੀਸਗੜ੍ਹ ਤੋਂ 2 ਗ੍ਰਿਫਤਾਰ



**ਸੰਗਰੂਰ।** ਇਥੋਂ ਦੀ ਪੁਲੀਸ ਦੇ ਸਾਈਬਰ ਕ੍ਰਾਈਮ ਯੂਨਿਟ ਵੱਲੋਂ ਸ਼ੇਅਰ ਮਾਰਕੀਟ ਵਿਚ ਪੈਸਾ ਲਗਵਾਉਣ ਦਾ ਝਾਂਸਾ ਦੇ ਕੇ 1 ਕਰੋੜ 28 ਲੱਖ ਦੀ ਠੱਗੀ ਮਾਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰਦਿਆਂ ਛੱਤੀਸਗੜ੍ਹ ਤੋਂ 2 ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਐੱਸਪੀ (ਡੀ) ਪਲਵਿੰਦਰ ਸਿੰਘ ਚੀਮਾ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਬ੍ਰਿਜ ਮੋਹਨ ਨਾਲ ਫੋਨ ਜ਼ਰੀਏ ਸੰਪਰਕ ਕਰਕੇ ਸ਼ੇਅਰ ਮਾਰਕੀਟ ਵਿਚ ਪੈਸਾ ਲਗਵਾਉਣ ਦਾ ਭਰੋਸਾ ਦਿੱਤਾ ਗਿਆ। ਅਗਸਤ 2023 ਤੋਂ ਲਗਾਤਾਰ ਪੈਸਾ ਕਿਸ਼ਤਾਂ ਵਿਚ ਬੈਂਕ ਖਾਤਿਆਂ ਵਿਚ ਪਵਾਉਂਦੇ ਰਹੇ, ਜਦੋਂ ਬ੍ਰਿਜ ਮੋਹਨ ਨੂੰ ਸ਼ੱਕ ਹੋਇਆ ਤਾਂ ਉਸ ਨੂੰ ਤਸਦੀਕ ਕਰਨ 'ਤੇ ਠੱਗੀ ਦਾ ਪਤਾ ਲੱਗਿਆ। ਪੁਲੀਸ ਨੇ ਕੇਸ ਦਰਜ ਕਰਕੇ ਛੱਤੀਸਗੜ੍ਹ ਤੋਂ ਦੋ ਜਣਿਆਂ ਆਕਾਸ਼ ਬਜਾਜ ਅਤੇ ਤਰੁਣ ਧਰਮਦਸਾਨੀ ਵਾਸੀ ਛੱਤੀਸਗੜ੍ਹ ਨੂੰ ਗ੍ਰਿਫ਼ਤਾਰ ਕਰ ਲਿਆ।

## ਪੱਛਮੀ ਬੰਗਾਲ: ਟੀਐੱਮਸੀ ਦਾ ਨੇਤਾ ਸ਼ਾਹਜਹਾਂ ਸ਼ੇਖ਼ 55 ਦਿਨ ਬਾਅਦ ਗ੍ਰਿਫ਼ਤਾਰ, ਅਦਾਲਤ ਨੇ 10 ਦਿਨ ਦਾ ਪੁਲੀਸ ਰਿਮਾਂਡ ਦਿੱਤਾ



**ਕੋਲਕਾਤਾ।** ਪੱਛਮੀ ਬੰਗਾਲ ਦੇ ਸੰਦੇਸ਼ਖਲੀ ਵਿਚ ਔਰਤਾਂ ਦੇ ਜਿਨਸੀ ਸ਼ੋਸ਼ਣ ਅਤੇ ਜ਼ਮੀਨ ਹੜੱਪਣ ਦੇ ਮੁਲਜ਼ਮ ਤ੍ਰਿਣਮੂਲ ਕਾਂਗਰਸ ਨੇਤਾ ਸ਼ਾਹਜਹਾਂ ਸ਼ੇਖ਼ ਨੂੰ 55 ਦਿਨਾਂ ਬਾਅਦ ਅੱਜ ਸਵੇਰੇ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲੀਸ ਨੇ ਦੱਸਿਆ ਕਿ ਸ਼ੇਖ਼ ਨੂੰ ਉੱਤਰੀ 24 ਪਰਗਨਾ ਜ਼ਿਲ੍ਹੇ ਦੇ ਸੰਦੇਸ਼ਖਲੀ ਤੋਂ ਲਗਪਗ 30 ਕਿਲੋਮੀਟਰ ਦੂਰ ਮੀਨਾਖਾਨ ਦੇ ਘਰ ਵਿਚੋਂ ਗ੍ਰਿਫ਼ਤਾਰ ਕੀਤਾ ਗਿਆ। ਸ਼ੇਖ਼ ਕੁਝ ਸਾਥੀਆਂ ਨਾਲ ਉਸ ਘਰ ਵਿਚ ਲੁਕਿਆ ਹੋਇਆ ਸੀ। ਇਸ ਦੌਰਾਨ ਸ਼ਾਹਜਹਾਂ ਸ਼ੇਖ਼ ਨੂੰ ਅਦਾਲਤ ਨੇ 10 ਦਿਨ ਦੀ ਪੁਲੀਸ ਰਿਮਾਂਡ 'ਤੇ ਭੇਜ ਦਿੱਤਾ ਗਿਆ। ਮਿਨਾਖਾਨ ਤੋਂ ਗ੍ਰਿਫ਼ਤਾਰੀ ਬਾਅਦ ਸ਼ੇਖ਼ ਨੂੰ ਸਵੇਰੇ 10.40 ਵਜੇ ਬਸ਼ੀਰਹਾਟ ਅਦਾਲਤ ਵਿੱਚ ਪੇਸ਼ ਕੀਤਾ ਗਿਆ।

# ਲੜੀਵਾਰ ਬੰਬ ਧਮਾਕਿਆਂ ਦੇ ਮੁੱਖ ਦੋਸ਼ੀ ਟੁੰਡਾ ਨੂੰ ਅਦਾਲਤ ਨੇ ਕੀਤਾ ਬਰੀ



**ਜੈਪੁਰ ।** ਅਜਮੇਰ ਦੀ ਇੱਕ ਅਦਾਲਤ ਨੇ ਲਗਭਗ ਤਿੰਨ ਦਹਾਕੇ ਪਹਿਲਾਂ ਦੇਸ਼ ਭਰ ਵਿਚ ਹੋਏ ਪੰਜ ਰੇਲ ਧਮਾਕਿਆਂ ਦੇ ਮੁੱਖ ਦੋਸ਼ੀ ਅਬਦੁਲ ਕਰੀਮ ਟੁੰਡਾ ਨੂੰ ਵੀਰਵਾਰ ਨੂੰ ਬਰੀ ਕਰ ਦਿੱਤਾ। ਦੋ ਹੋਰ ਦੋਸ਼ੀਆਂ ਇਰਫਾਨ ਅਤੇ ਹਮੀਦੁੱਦੀਨ ਨੂੰ ਅਤਿਵਾਦੀ ਅਤੇ ਵਿਘਨਕਾਰੀ ਗਤੀਵਿਧੀਆਂ (ਰੋਕਥਾਮ) ਐਕਟ (ਟਾਡਾ) ਅਦਾਲਤ ਨੇ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਪਟੀਸ਼ਨਕਰਤਾ ਦੇ ਵਕੀਲ ਸ਼ਫਕਤ ਸੁਲਤਾਨੀ ਨੇ ਅਜਮੇਰ ਵਿਚ ਪੱਤਰਕਾਰਾਂ ਨੂੰ ਇਹ ਜਾਣਕਾਰੀ ਦਿੱਤੀ। ਅਬਦੁਲ ਕਰੀਮ ਟੁੰਡਾ ਨੂੰ ਸਾਰੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ ਹੈ। ਸਰਕਾਰੀ ਵਕੀਲ ਦੋਸ਼ਾਂ ਨੂੰ ਸਾਬਤ ਕਰਨ ਲਈ ਲੋੜੀਂਦੇ ਸਬੂਤ ਪੇਸ਼ ਨਹੀਂ ਕਰ ਸਕਿਆ। ਟੁੰਡਾ 'ਤੇ 6 ਦਸੰਬਰ 1992 ਨੂੰ ਬਾਬਰੀ ਮਸਜਿਦ ਢਾਹੇ ਜਾਣ ਦੀ ਪਹਿਲੀ ਵਰ੍ਹੇਗੰਢ 'ਤੇ ਕਈ ਰੇਲ ਗੱਡੀਆਂ 'ਤੇ ਬੰਬ ਸੁੱਟਣ ਦਾ ਦੋਸ਼ ਹੈ। ਟਾਡਾ ਅਦਾਲਤ ਨੇ 30 ਸਤੰਬਰ, 2021 ਨੂੰ ਇਸ ਮਾਮਲੇ ਦੇ ਮੁੱਖ ਦੋਸ਼ੀ ਅਤੇ ਦਾਊਦ ਇਬਰਾਹਿਮ ਦੇ ਕਰੀਬੀ ਸਹਿਯੋਗੀ 81 ਸਾਲਾ ਅਬਦੁਲ ਕਰੀਮ ਟੁੰਡਾ ਅਤੇ ਦੋ ਹੋਰਾਂ ਇਰਫਾਨ ਉਰਫ ਪੱਪੂ ਅਤੇ ਹਮੀਦੁੱਦੀਨ ਵਿਰੁੱਧ 5-6 ਦਸੰਬਰ, 1993 ਦੀ ਦਰਮਿਆਨੀ ਰਾਤ ਨੂੰ ਹੈਦਰਾਬਾਦ, ਸੂਰਤ ਅਤੇ ਮੁੰਬਈ ਲਖਨਊ, ਕਾਨਪੁਰ ਵਿਚ ਧਮਾਕੇ ਕਰਨ ਦੀ ਸਾਜਿਸ਼ ਰਚਣ ਦੇ ਦੋਸ਼ ਤੈਅ ਕੀਤੇ ਸਨ। ਪਟੀਸ਼ਨਕਰਤਾਵਾਂ ਦੇ ਵਕੀਲ ਅਬਦੁਲ ਰਸ਼ੀਦ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਰਫਾਨ ਅਤੇ ਹਮੀਦੁੱਦੀਨ ਨੂੰ ਬੰਬ ਰੱਖਣ ਦੇ ਦੋਸ਼ 'ਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਸੀ.ਬੀ.ਆਈ. ਦੇ ਵਕੀਲ ਨੇ ਕਿਹਾ ਕਿ ਕੇਸ ਨੂੰ ਅੱਗੇ ਅਪੀਲ ਕੀਤੀ ਜਾਵੇਗੀ।

# ਦੋ ਤੋਂ ਵੱਧ ਬੱਚਿਆਂ ਵਾਲੇ ਲੋਕ ਨਹੀਂ ਕਰ ਸਕਣਗੇ ਸਰਕਾਰੀ ਨੌਕਰੀ; ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਫ਼ੈਸਲੇ ਨੂੰ ਰੱਖਿਆ ਬਰਕਰਾਰ



**ਰਾਜਸਥਾਨ।** ਰਾਜਸਥਾਨ ਵਿਚ ਦੋ ਤੋਂ ਵੱਧ ਬੱਚਿਆਂ ਵਾਲੇ ਲੋਕ ਸਰਕਾਰੀ ਨੌਕਰੀ ਨਹੀਂ ਕਰ ਸਕਣਗੇ। ਸੂਬਾ ਸਰਕਾਰ ਦੇ 1989 ਦੇ ਇਸ ਕਾਨੂੰਨ ਨੂੰ ਹੁਣ ਸੁਪਰੀਮ ਕੋਰਟ ਦੀ ਮਨਜ਼ੂਰੀ ਮਿਲ ਗਈ ਹੈ। ਸੁਪਰੀਮ ਕੋਰਟ ਨੇ ਸਾਬਕਾ ਫ਼ੌਜੀ ਰਾਮਜੀ ਲਾਲ ਜਾਟ ਵਲੋਂ ਹਾਈ ਕੋਰਟ ਦੇ ਫ਼ੈਸਲੇ ਖ਼ਿਲਾਫ਼ ਦਾਇਰ ਪਟੀਸ਼ਨ ਰੱਦ ਕਰ ਦਿਤੀ ਹੈ। ਇਕ ਹੁਕਮ ਵਿਚ, ਜਸਟਿਸ ਸੂਰਿਆ ਕਾਂਤ, ਜਸਟਿਸ ਦੀਪਾਂਕਰ ਦੱਤਾ ਅਤੇ ਜਸਟਿਸ ਕੇਵੀ ਵਿਸ਼ਵਨਾਥਨ ਦੇ ਬੈਂਚ ਨੇ ਰਾਜਸਥਾਨ ਹਾਈ ਕੋਰਟ ਦੇ 12 ਅਕਤੂਬਰ, 2022 ਦੇ ਫੈਸਲੇ ਨੂੰ ਬਰਕਰਾਰ ਰੱਖਿਆ ਅਤੇ ਕਿਹਾ ਕਿ ਰਾਜਸਥਾਨ ਸਰਕਾਰ ਦਾ ਨਿਯਮ ਨੀਤੀ ਦੇ ਦਾਇਰੇ ਵਿਚ ਆਉਂਦਾ ਹੈ ਅਤੇ ਇਸ ਵਿਚ ਦਖ਼ਲ ਦੀ ਲੋੜ ਨਹੀਂ ਹੈ। 2017 ਵਿਚ ਸੇਵਾਮੁਕਤ ਹੋਏ ਸਾਬਕਾ ਸਿਪਾਹੀ ਰਾਮਜੀ ਲਾਲ ਜਾਟ ਨੇ 2018 ਵਿਚ ਰਾਜਸਥਾਨ ਪੁਲਿਸ ਵਿਚ ਕਾਂਸਟੇਬਲ ਵਜੋਂ ਭਰਤੀ ਹੋਣ ਦੀ ਮੰਗ ਕੀਤੀ ਸੀ। ਉਸ ਦੀ ਅਰਜ਼ੀ ਰਾਜਸਥਾਨ ਪੁਲਿਸ ਅਧੀਨ ਸੇਵਾਵਾਂ ਨਿਯਮ 1989 ਦੇ ਨਿਯਮ 24(4) ਦਾ ਹਵਾਲਾ ਦਿੰਦੇ ਹੋਏ ਰੱਦ ਕਰ ਦਿਤੀ ਗਈ ਸੀ। ਇਸ ਨਿਯਮ ਤਹਿਤ 1 ਜੂਨ 2002 ਤੋਂ ਬਾਅਦ ਪੈਦਾ ਹੋਏ ਦੋ ਤੋਂ ਵੱਧ ਬੱਚਿਆਂ ਵਾਲੇ ਵਿਅਕਤੀ ਨੂੰ ਨੌਕਰੀ ਦੇਣ ਤੋਂ ਰੋਕਿਆ ਜਾਂਦਾ ਹੈ। ਇਸ ਨਿਯਮ ਦੇ ਖਿਲਾਫ ਬਹਿਸ ਕਰਦੇ ਹੋਏ ਜਾਟ ਨੇ ਪਹਿਲਾਂ ਰਾਜਸਥਾਨ ਹਾਈ ਕੋਰਟ ਅਤੇ ਫਿਰ ਸੁਪਰੀਮ ਕੋਰਟ ਵਿਚ ਪਟੀਸ਼ਨ ਦਾਇਰ ਕੀਤੀ ਸੀ।ਸੁਪਰੀਮ ਕੋਰਟ ਦੇ ਬੈਂਚ ਨੇ ਕਿਹਾ ਕਿ ਪੰਚਾਇਤੀ ਚੋਣਾਂ ਲੜਨ ਦੀ ਯੋਗਤਾ ਵਜੋਂ ਵੀ ਅਜਿਹੀ ਵਿਵਸਥਾ ਕੀਤੀ ਗਈ ਸੀ। ਜਿਸ ਨੂੰ ਸੁਪਰੀਮ ਕੋਰਟ ਨੇ ਬਰਕਰਾਰ ਰੱਖਿਆ ਸੀ। 21 ਸਾਲ ਪਹਿਲਾਂ, ਸੁਪਰੀਮ ਕੋਰਟ ਨੇ ਕਿਹਾ ਸੀ ਕਿ ਉਹ ਨਿਯਮ ਜੋ ਉਮੀਦਵਾਰਾਂ ਨੂੰ ਦੋ ਤੋਂ ਵੱਧ ਜਿਉਂਦੇ ਬੱਚੇ ਹੋਣ 'ਤੇ ਅਯੋਗ ਠਹਿਰਾਉਂਦਾ ਹੈ, ਉਹ ਗੈਰ-ਵਿਤਕਰੇਪੂਰਨ ਨਹੀਂ ਹੈ। ਇਹ ਸੰਵਿਧਾਨ ਦੇ ਦਾਇਰੇ ਤੋਂ ਬਾਹਰ ਹੈ, ਕਿਉਂਕਿ ਇਸ ਵਿਵਸਥਾ ਦੇ ਪਿੱਛੇ ਦਾ ਉਦੇਸ਼ ਪਰਵਾਰ ਨਿਯੋਜਨ ਨੂੰ ਉਤਸ਼ਾਹਤ ਕਰਨਾ ਹੈ।

# ਏਅਰ ਇੰਡੀਆ ਨੂੰ 30 ਲੱਖ ਰੁਪਏ ਜੁਰਮਾਨਾ; ਬਜ਼ੁਰਗ ਯਾਤਰੀ ਨੂੰ ਵ੍ਹੀਲਚੇਅਰ ਨਾ ਮਿਲਣ ਕਾਰਨ ਹੋਈ ਸੀ ਮੌਤ




**ਨਵੀਂ ਦਿੱਲੀ।** ਸ਼ਹਿਰੀ ਹਵਾਬਾਜ਼ੀ ਡਾਇਰੈਕਟੋਰੇਟ ਜਨਰਲ (ਡੀਜੀਸੀਏ) ਨੇ ਮੁੰਬਈ ਹਵਾਈ ਅੱਡੇ 'ਤੇ ਇਕ 80 ਸਾਲਾ ਬਜ਼ੁਰਗ ਨੂੰ ਵ੍ਹੀਲਚੇਅਰ ਨਾ ਦੇਣ 'ਤੇ ਏਅਰ ਇੰਡੀਆ 'ਤੇ 30 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਹੈ। ਯਾਤਰੀ ਨੂੰ ਜਹਾਜ਼ ਤੋਂ ਟਰਮੀਨਲ ਤਕ ਚੱਲ ਕੇ ਜਾਣਾ ਪਿਆ ਕਿਉਂਕਿ ਉਥੇ ਵ੍ਹੀਲਚੇਅਰ ਉਪਲਬਧ ਨਹੀਂ ਸੀ ਅਤੇ ਉਹ ਡਿੱਗ ਗਿਆ। ਇਸ ਯਾਤਰੀ ਦੀ ਬਾਅਦ ਵਿਚ ਮੌਤ ਹੋ ਗਈ। ਇਹ ਘਟਨਾ 12 ਫਰਵਰੀ ਦੀ ਹੈ।ਡੀਜੀਸੀਏ ਦੇ ਇਕ ਸੀਨੀਅਰ ਅਧਿਕਾਰੀ ਨੇ ਵੀਰਵਾਰ ਨੂੰ ਕਿਹਾ ਕਿ ਏਅਰ ਇੰਡੀਆ 'ਤੇ 30 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ ਕਿਉਂਕਿ ਇਹ ਬਜ਼ੁਰਗ ਯਾਤਰੀ ਨੂੰ ਵ੍ਹੀਲਚੇਅਰ ਪ੍ਰਦਾਨ ਕਰਨ ਵਿਚ ਅਸਫਲ ਰਹੀ ਹੈ। ਅਧਿਕਾਰੀ ਨੇ ਕਿਹਾ, "ਇਸ ਤੋਂ ਇਲਾਵਾ ਏਅਰ ਇੰਡੀਆ ਨੇ ਇਸ ਮਾਮਲੇ 'ਚ ਗਲਤੀ ਕਰਨ ਵਾਲੇ ਕਰਮਚਾਰੀਆਂ ਵਿਰੁਧ ਕੀਤੀ ਗਈ ਕਾਰਵਾਈ ਦੀ ਵੀ ਜਾਣਕਾਰੀ ਨਹੀਂ ਦਿਤੀ ਹੈ। ਏਅਰਲਾਈਨ ਭਵਿੱਖ ਵਿਚ ਅਜਿਹੀਆਂ ਘਟਨਾਵਾਂ ਨੂੰ ਮੁੜ ਤੋਂ ਰੋਕਣ ਲਈ ਸੁਧਾਰਾਤਮਕ ਕਦਮਾਂ ਬਾਰੇ ਜਾਣਕਾਰੀ ਦੇਣ ਵਿਚ ਵੀ ਅਸਫਲ ਰਹੀ ਹੈ"।ਇਸ ਮਹੀਨੇ ਦੇ ਸ਼ੁਰੂ ਵਿਚ ਡੀਜੀਸੀਏ ਨੇ ਏਅਰਲਾਈਨ ਕੰਪਨੀ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਸੀ, ਜਿਸ ਉਤੇ ਏਅਰ ਇੰਡੀਆ ਨੇ ਰੈਗੂਲੇਟਰ ਨੂੰ 20 ਫਰਵਰੀ ਨੂੰ ਅਪਣਾ ਜਵਾਬ ਸੌਂਪਿਆ ਸੀ। ਏਅਰਲਾਈਨ ਨੇ ਕਿਹਾ ਕਿ ਬਜ਼ੁਰਗ ਯਾਤਰੀ ਕਿਸੇ ਹੋਰ ਵ੍ਹੀਲਚੇਅਰ ਦਾ ਇੰਤਜ਼ਾਰ ਕਰਨ ਦੀ ਬਜਾਏ ਅਪਣੀ ਪਤਨੀ ਦੇ ਨਾਲ ਚੱਲ ਪਿਆ, ਜੋ ਕਿਸੇ ਹੋਰ ਵ੍ਹੀਲਚੇਅਰ 'ਤੇ ਬੈਠੀ ਸੀ।ਅਧਿਕਾਰੀ ਨੇ ਕਿਹਾ, "ਇਸ ਸਬੰਧ ਵਿਚ ਸਾਰੀਆਂ ਏਅਰਲਾਈਨ ਕੰਪਨੀਆਂ ਨੂੰ ਇਕ ਐਡਵਾਈਜ਼ਰੀ ਵੀ ਜਾਰੀ ਕੀਤੀ ਗਈ ਹੈ।" ਉਨ੍ਹਾਂ ਨੂੰ ਕਿਹਾ ਗਿਆ ਹੈ ਕਿ ਉਨ੍ਹਾਂ ਯਾਤਰੀਆਂ ਲਈ ਲੋੜੀਂਦੀ ਗਿਣਤੀ ਵਿਚ ਵ੍ਹੀਲਚੇਅਰਾਂ ਮੁਹੱਈਆ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ, ਜਿਨ੍ਹਾਂ ਨੂੰ ਜਹਾਜ਼ ਵਿਚ ਸਵਾਰ ਹੋਣ ਜਾਂ ਉਤਰਨ ਵੇਲੇ ਸਹਾਇਤਾ ਦੀ ਲੋੜ ਹੁੰਦੀ ਹੈ"।

# ਪੰਜਾਬ ਵਿਚ ਮੁੜ ਵਧੇਗੀ ਠੰਢ, ਅਗਲੇ 2 ਦਿਨਾਂ ਤੱਕ ਮੀਂਹ ਅਤੇ ਗੜੇਮਾਰੀ ਦਾ ਅਲਰਟ ਜਾਰੀ



**ਚੰਡੀਗੜ੍ਹ।** ਪੰਜਾਬ ਵਿਚ ਇਕ ਵਾਰ ਫਿਰ ਪੱਛਮੀ ਗੜਬੜੀ ਸਰਗਰਮ ਹੋ ਰਹੀ ਹੈ। 1 ਅਤੇ 2 ਮਾਰਚ ਨੂੰ ਪੰਜਾਬ ਭਰ ਵਿੱਚ ਮੀਂਹ ਲੈ ਕੇ ਅਲਰਟ ਜਾਰੀ ਕੀਤਾ ਗਿਆ ਹੈ। ਇਸ ਦੇ ਨਾਲ ਹੀ ਕੁਝ ਇਲਾਕਿਆਂ 'ਚ ਗੜੇਮਾਰੀ ਦੀ ਸੰਭਾਵਨਾ ਨੂੰ ਦੇਖਦੇ ਹੋਏ ਆਰੇਂਜ ਅਲਰਟ ਵੀ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਅਨੁਸਾਰ ਇਸ ਪੱਛਮੀ ਗੜਬੜੀ ਦਾ ਪ੍ਰਭਾਵ ਸਿਰਫ਼ ਦੋ ਦਿਨ ਹੀ ਰਹੇਗਾ, ਜਦੋਂ ਕਿ 3 ਮਾਰਚ ਤੋਂ ਮੁੜ ਧੁੱਪ ਨਿਕਲੇਗੀ। ਮੌਸਮ ਵਿਭਾਗ ਵੱਲੋਂ ਜਾਰੀ ਅੰਕੜਿਆਂ ਮੁਤਾਬਕ ਪੱਛਮੀ ਗੜਬੜੀ ਸ਼ੁੱਕਰਵਾਰ ਤੋਂ ਸਰਗਰਮ ਹੋ ਜਾਵੇਗੀ। ਇਸ ਦੌਰਾਨ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ ਅਤੇ ਪਠਾਨਕੋਟ ਵਿੱਚ ਮੀਂਹ, ਤੇਜ਼ ਹਵਾਵਾਂ ਅਤੇ ਗੜੇ ਪੈਣ ਦੀ ਸੰਭਾਵਨਾ ਹੈ। ਜਦੋਂ ਕਿ ਪੂਰੇ ਪੰਜਾਬ ਵਿਚ ਆਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਇਸ ਦੌਰਾਨ ਸ਼ਨੀਵਾਰ ਨੂੰ ਪਠਾਨਕੋਟ, ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਕਪੂਰਥਲਾ, ਮੋਗਾ, ਹੁਸ਼ਿਆਰਪੁਰ, ਜਲੰਧਰ, ਨਵਾਂਸ਼ਹਿਰ, ਲੁਧਿਆਣਾ, ਰੂਪਨਗਰ, ਫਤਿਹਗੜ੍ਹ ਸਾਹਿਬ, ਪਟਿਆਲਾ ਅਤੇ ਸੰਗਰੂਰ ਵਿੱਚ ਆਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਜਦੋਂ ਕਿ ਫਾਜ਼ਿਲਕਾ, ਫ਼ਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ, ਫ਼ਰੀਦਕੋਟ, ਬਠਿੰਡਾ ਅਤੇ ਮਾਨਸਾ ਵਿਚ ਯੈਲੋ ਅਲਰਟ ਦਿਤਾ ਗਿਆ ਹੈ।ਮੌਸਮ ਵਿਭਾਗ ਨੇ ਇਸ ਦੌਰਾਨ ਦਰੱਖਤਾਂ ਦੀਆਂ ਟਾਹਣੀਆਂ ਡਿੱਗਣ, ਮਿੱਟੀ ਹਵਾ ਵਿੱਚ ਉੱਡਣ, ਬਿਜਲੀ ਦੇ ਖੰਭਿਆਂ ਨੂੰ ਨੁਕਸਾਨ ਪਹੁੰਚਾਉਣ ਆਦਿ ਦੀ ਭਵਿੱਖਬਾਣੀ ਕੀਤੀ ਹੈ। ਇਸ ਦੇ ਨਾਲ ਹੀ ਜੇਕਰ ਗੜੇਮਾਰੀ ਹੁੰਦੀ ਹੈ ਤਾਂ ਪਸ਼ੂਆਂ, ਕਾਰਾਂ ਦੇ ਸ਼ੀਸ਼ੇ ਅਤੇ ਕੱਚੇ ਮਕਾਨਾਂ ਨੂੰ ਨੁਕ-ਸਾਨ ਹੋਣ ਦਾ ਖਦਸ਼ਾ ਹੈ। ਇਸ ਦੇ ਨਾਲ ਹੀ ਸੜਕਾਂ 'ਤੇ ਤਿਲਕਣ ਵੀ ਹੋ ਸਕਦੀ ਹੈ। ਇਸ ਦੌਰਾਨ ਲੋਕਾਂ ਨੂੰ ਚੌਕਸ ਰਹਿਣ ਦੇ ਨਿਰਦੇਸ਼ ਦਿਤੇ ਗਏ ਹਨ। ਮੌਸਮ ਵਿਭਾਗ ਨੇ ਕੁਝ ਸੁਝਾਅ ਵੀ ਦਿੱਤੇ ਹਨ, ਤਾਂ ਜੋ ਗੜੇਮਾਰੀ ਜਾਂ ਬਿਜਲੀ ਡਿੱਗਣ ਤੋਂ ਬਚਿਆ ਜਾ ਸਕੇ। ਮੌਸਮ ਵਿਭਾਗ ਅਨੁਸਾਰ ਮੌਸਮ ਵਿਭਾਗ ਨੇ ਗੜੇਮਾਰੀ ਦੌਰਾਨ ਆਪਣੇ ਸਿਰ ਦੀ ਰੱਖਿਆ ਕਰਨ, ਸੁਰੱਖਿਅਤ ਥਾਂ 'ਤੇ ਰਹਿਣ, ਪਸ਼ੂਆਂ ਨੂੰ ਸੁਰੱਖਿਅਤ 'ਤੇ ਬੰਨ੍ਹਣ ਦੇ ਸੁਝਾਅ ਦਿੱਤੇ ਹਨ।

Grow your Business with Ads in
World Punjabi News
e-paper | Website Ads | Facebook Page | YouTube Channel
Call us: 98159-53539 or Mail us - worldpunjabinews@gmail.com

for more news visit:
www.worldpunjabinews.com

# ਪੰਜਾਬ ਪੁਲਿਸ ਦੇ ਹੈੱਡਕੁਆਰਟਰ 'ਚ ਬਣੇਗੀ ਕ੍ਰੈਚ, ਮੁਲਾਜ਼ਮਾਂ ਦੇ ਛੋਟੇ ਬੱਚਿਆਂ ਨੂੰ ਮਿਲੇਗਾ ਲਾਭ

**ਚੰਡੀਗੜ੍ਹ ।** ਹੁਣ ਚੰਡੀਗੜ੍ਹ ਸਥਿਤ ਪੰਜਾਬ ਪੁਲਿਸ ਦੇ ਹੈੱਡਕੁਆਰਟਰ ਵਿਖੇ ਕੰਮ ਕਰਦੇ ਮੁਲਾਜ਼ਮਾਂ ਦੇ ਛੋਟੇ ਬੱਚਿਆਂ ਦੀ ਸਹੂਲਤ ਲਈ ਇੱਕ ਕਰੈਚ ਦਾ ਨਿਰਮਾਣ ਕੀਤਾ ਜਾਵੇਗਾ। ਪੰਜਾਬ ਪੁਲਿਸ ਨੇ ਇਸ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਹ ਕੰਮ ਇਸੇ ਮਹੀਨੇ ਸ਼ੁਰੂ ਹੋ ਜਾਵੇਗਾ। ਇਹ ਕਰੈਚ 4 ਮਹੀਨਿਆਂ ਵਿਚ ਤਿਆਰ ਹੋ ਜਾਵੇਗੀ। ਪੁਲਿਸ ਪ੍ਰੋਜੈਕਟ ਵਿਚ ਨੋਡਲ ਏਜੰਸੀ ਵਜੋਂ ਕੰਮ ਕਰੇਗੀ। ਨਾਲ ਹੀ ਇਹ ਪ੍ਰਾਜੈਕਟ ਪ੍ਰਾਈਵੇਟ ਕੰਪਨੀ ਦੀ ਮਦਦ ਨਾਲ ਪੂਰਾ ਕੀਤਾ ਜਾਵੇਗਾ। ਇਸ ਕਰੈਚ ਨੂੰ ਚਲਾਉਣ ਲਈ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਲਿਆ ਜਾਵੇਗਾ। ਸਰਕਾਰ ਦੇ ਪਾਇਲਟ ਪ੍ਰੋਜੈਕਟ ਰਾਹੀਂ ਕੁਝ ਵੱਡੇ ਜ਼ਿਲ੍ਹਿਆਂ ਵਿਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅਤੇ ਜੁਡੀਸ਼ੀਅਲ ਕੰਪਲੈਕਸ ਬਣਾਏ ਗਏ ਸਨ। ਇਨ੍ਹਾਂ ਵਿਚ ਮੁਹਾਲੀ ਅਤੇ ਲੁਧਿਆਣਾ ਜ਼ਿਲ੍ਹੇ ਵੀ ਸ਼ਾਮਲ ਹਨ, ਜਿਨ੍ਹਾਂ ਦਾ ਹੁੰਗਾਰਾ ਕਾਫ਼ੀ ਚੰਗਾ ਰਿਹਾ ਹੈ। ਇਸ ਦਾ ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਵਿਭਾਗਾਂ ਵਿਚ ਤਾਇਨਾਤ ਪਰਿਵਾਰਕ ਮੈਂਬਰ ਆਪਣੇ ਬੱਚਿਆਂ ਨੂੰ ਜਦੋਂ ਮਰਜ਼ੀ ਮਿਲੇ। ਇਸ ਦੇ ਨਾਲ ਹੀ ਇਸ ਕਾਰਨ ਉਨ੍ਹਾਂ ਦਾ ਕੰਮ ਵੀ ਸੁਧਰ ਜਾਂਦਾ ਹੈ।



ਪੰਜਾਬ ਸਰਕਾਰ ਵੀ ਪੁਲਿਸ ਮੁਲਾਜ਼ਮਾਂ ਦੀ ਡਿਊਟੀ ਪ੍ਰਤੀ ਗੰਭੀਰਤਾ ਨੂੰ ਸਮਝਦੀ ਹੈ। ਅਜਿਹੇ 'ਚ ਸਰਕਾਰ ਇਨ੍ਹਾਂ ਮੁਲਾਜ਼ਮਾਂ ਤੋਂ ਕੰਮ ਦਾ ਬੋਝ ਖ਼ਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਲਈ ਹੁਣ ਹਰ ਸਾਲ ਪੁਲਿਸ ਵਿਚ ਖਾਲੀ ਪਈਆਂ ਅਸਾਮੀਆਂ ਨੂੰ ਭਰਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਕਰਮਚਾਰੀਆਂ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਮੁੱਖ ਮੰਤਰੀ ਦੇ ਦਸਤਖ਼ਤ ਵਾਲਾ ਕਾਰਡ ਭੇਜਿਆ ਜਾਂਦਾ ਹੈ। ਇਸ ਦੇ ਨਾਲ ਹੀ ਬੱਚਿਆਂ ਦੇ ਜਨਮ ਦਿਨ, ਵਰ੍ਹੇਗੰਢ ਅਤੇ ਛੁੱਟੀਆਂ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਿਖਲਾਈ ਪ੍ਰੋਗਰਾਮ ਅਤੇ ਸੈਸ਼ਨ ਆਯੋਜਿਤ ਕੀਤੇ ਜਾਂਦੇ ਹਨ।

# ਵਿਜੀਲੈਂਸ ਵੱਲੋਂ 8,000 ਰੁਪਏ ਰਿਸ਼ਵਤ ਲੈਂਦਾ ਏ.ਐਸ.ਆਈ. ਗ੍ਰਿਫ਼ਤਾਰ

**ਪਟਿਆਲਾ।** ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਥਾਣਾ ਅਨਾਜ ਮੰਡੀ, ਪਟਿਆਲਾ ਅਧੀਨ ਪੈਂਦੀ ਪੁਲਿਸ ਚੌਕੀ, ਫੱਗਣਮਾਜਰਾ ਦੇ ਇੰਚਾਰਜ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਨਰਾਤਾ ਰਾਮ ਨੂੰ 8,000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੁਲਿਸ ਮੁਲਾਜ਼ਮ ਨੂੰ ਜਸਪ੍ਰੀਤ ਸਿੰਘ ਵਾਸੀ ਸਰਹਿੰਦ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਏ.ਐਸ.ਆਈ ਨੇ ਪੁਲਿਸ ਚੌਂਕੀ ਫੱਗਣਮਾਜਰਾ ਵਿਖੇ ਨਜਾਇਜ਼ ਤੌਰ 'ਤੇ ਜ਼ਬਤ ਕੀਤੇ ਉਸਦੇ ਵਾਹਨ ਨੂੰ ਛੁਡਵਾਉਣ ਬਦਲੇ 8,000 ਰੁਪਏ ਰਿਸ਼ਵਤ ਮੰਗ ਰਿਹਾ ਹੈ।



ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਪਟਿਆਲਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਉਕਤ ਪੁਲਿਸ ਮੁਲ-ਾਜ਼ਮ ਨੂੰ ਸ਼ਿਕਾਇਤਕਰਤਾ ਤੋਂ 8,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਅੱਗੇ ਪੇਸ਼ ਕੀਤਾ ਜਾਵੇਗਾ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਫਸਲਾਂ 'ਤੇ ਕੀਟਨਾਸ਼ਕ ਦਵਾਈ ਦਾ ਛਿੜਕਾਅ ਕਰਦੇ ਸਮੇਂ ਕਿਸਾਨ ਦੀ ਹੋਈ ਮੌਤ

**ਨਾਰਨੌਲ।** ਹਰਿਆਣਾ ਦੇ ਨਾਰਨੌਲ ਜ਼ਿਲ੍ਹੇ ਦੇ ਪਿੰਡ ਚਾਂਦਪੁਰਾ ਵਿਚ ਆਪਣੀ ਫ਼ਸਲ 'ਤੇ ਕੀਟਨਾਸ਼ਕ ਛਿੜਕਣ ਦੌਰਾਨ ਇੱਕ ਕਿਸਾਨ ਦੀ ਮੌਤ ਹੋ ਗਈ। ਸੋਮਵਾਰ ਸ਼ਾਮ ਜਦੋਂ ਕਿਸਾਨ ਘਰ ਨਹੀਂ ਆਇਆ ਤਾਂ ਉਸ ਦੇ ਪਰਿਵਾਰਕ ਮੈਂਬਰ ਖੇਤਾਂ 'ਚ ਚਲੇ ਗਏ। ਜਿੱਥੇ ਕਿਸਾਨ ਦੀ ਲਾਸ਼ ਪਈ ਮਿਲੀ। ਪਰਿਵਾਰ ਨੇ ਇਸ ਦੀ ਸੂਚਨਾ ਪੁਲਿਸ ਨੂੰ ਦਿਤੀ। ਜਿਸ ਤੋਂ ਬਾਅਦ ਮੌਕੇ 'ਤੇ ਪਹੁੰਚੀ ਪੁਲਿਸ ਨੇ ਲਾਸ਼ ਨੂੰ ਆਪਣੇ ਕਬਜ਼ੇ 'ਚ ਲੈ ਕੇ ਸਿਵਲ ਹਸਪਤਾਲ 'ਚੋਂ ਪੋਸਟਮਾਰਟਮ ਕਰਵਾ ਕੇ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ। ਅਟੇਲੀ ਦੇ ਪਿੰਡ ਚਾਂਦਪੁਰਾ ਦਾ ਰਹਿਣ ਵਾਲਾ ਕਰੀਬ 50 ਸਾਲਾ ਕਿਸਾਨ ਅਜੀਤ ਸਿੰਘ ਸੋਮਵਾਰ ਦੁਪਹਿਰ ਨੂੰ ਖਾਣਾ ਖਾਣ ਤੋਂ ਬਾਅਦ ਫਸਲਾਂ 'ਤੇ ਕੀਟਨਾਸ਼ਕ ਦਾ ਛਿੜਕਾਅ ਕਰਨ ਲਈ ਆਪਣੇ ਖੇਤਾਂ 'ਚ ਗਿਆ ਸੀ।

# ਵਿਧਾਨ ਸਭਾ ਸਪੀਕਰ ਨੇ ਕਾਂਗਰਸ ਦੇ ਛੇ ਵਿਧਾਇਕਾਂ ਨੂੰ ਕੀਤਾ ਅਯੋਗ ਕਰਾਰ

**ਸ਼ਿਮਲਾ ।** ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਦੇ ਸਪੀਕਰ ਕੁਲਦੀਪ ਸਿੰਘ ਪਠਾਨੀਆ ਨੇ ਵੀਰਵਾਰ ਨੂੰ ਕਾਂਗਰਸ ਦੇ 6 ਵਿਧਾਇਕਾਂ ਨੂੰ ਅਯੋਗ ਕਰਾਰ ਦੇ ਦਿੱਤਾ ਹੈ। ਇਨ੍ਹਾਂ ਵਿਧਾਇਕਾਂ ਨੇ ਹਾਲ ਹੀ 'ਚ ਹੋਈਆਂ ਰਾਜ ਸਭਾ ਚੋਣਾਂ 'ਚ ਸੂਬੇ ਦੀ ਇਕਲੌਤੀ ਸੀਟ ਲਈ ਕ੍ਰਾਸ ਵੋਟਿੰਗ ਕੀਤੀ ਸੀ।ਉਨ੍ਹਾਂ ਨੇ ਵਿੱਤ ਬਿੱਲ 'ਤੇ ਸਰਕਾਰ ਦੇ ਹੱਕ 'ਚ ਵੋਟ ਪਾਉਣ ਲਈ ਪਾਰਟੀ ਵ੍ਹਿਪ ਦੀ ਉਲੰਘਣਾ ਕਰਦੇ ਹੋਏ ਵਿਧਾਨ ਸਭਾ 'ਚ ਬਜਟ 'ਤੇ ਵੋਟਿੰਗ ਤੋਂ ਵੀ ਪਰਹੇਜ਼ ਕੀਤਾ ਸੀ, ਜਿਸ ਕਾਰਨ ਉਨ੍ਹਾਂ ਨੂੰ ਅਯੋਗ ਕਰਾਰ ਦਿੱਤਾ ਗਿਆ ਸੀ। ਅਯੋਗ ਕਰਾਰ ਦਿੱਤੇ ਗਏ ਵਿਧਾਇਕਾਂ ਵਿਚ ਰਾਜੇਂਦਰ ਰਾਣਾ, ਸੁਧੀਰ ਸ਼ਰਮਾ, ਇੰਦਰ ਦੱਤ ਲਖਨਪਾਲ, ਦਵਿੰਦਰ ਕੁਮਾਰ ਭੁੱਟੋ, ਰਵੀ ਠਾਕੁਰ ਅਤੇ ਚੈਤਨਿਆ ਸ਼ਰਮਾ ਸ਼ਾਮਲ ਹਨ। ਪਠਾਨੀਆ ਨੇ ਬੁੱਧਵਾਰ ਨੂੰ ਵਿਧਾਇਕਾਂ ਨੂੰ ਅਯੋਗ ਠਹਿਰਾਉਣ 'ਤੇ ਆਪਣਾ ਫ਼ੈਸਲਾ ਸੁਰੱਖਿਅਤ ਰੱਖ ਲਿਆ ਸੀ। ਵੀਰਵਾਰ ਨੂੰ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਵਿਧਾਇਕਾਂ ਨੇ ਕਾਂਗਰਸ ਦੇ ਵ੍ਹਿਪ ਦੀ ਉਲੰਘਣਾ ਕੀਤੀ, ਜਿਸ ਕਾਰਨ ਦਲ-ਬਦਲ ਵਿਰੋਧੀ ਕਾਨੂੰਨ ਲਾਗੂ ਕੀਤਾ ਗਿਆ ਕਿਉਂਕਿ ਉਹ ਪਾਰਟੀ ਦੀ ਟਿਕਟ 'ਤੇ ਚੁਣੇ ਗਏ ਸਨ। ਸਪੀਕਰ ਨੇ ਕਿਹਾ ਕਿ ਇਨ੍ਹਾਂ ਛੇ ਵਿਧਾਇਕਾਂ ਨੂੰ ਅਯੋਗ ਠਹਿਰਾਇਆ ਜਾਂਦਾ ਹੈ ਅਤੇ ਉਹ ਤੁਰੰਤ ਪ੍ਰਭਾਵ ਨਾਲ ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਦੇ ਮੈਂਬਰ ਨਹੀਂ ਰਹਿਣਗੇ। '' ਇਨ੍ਹਾਂ



ਵਿਧਾਇਕਾਂ ਨੇ ਮੰਗਲਵਾਰ ਨੂੰ ਰਾਜ ਸਭਾ ਚੋਣਾਂ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਹਰਸ਼ ਮਹਾਜਨ ਦੇ ਹੱਕ 'ਚ ਕ੍ਰਾਸ ਵੋਟਿੰਗ ਕੀਤੀ ਸੀ ਅਤੇ ਬਾਅਦ 'ਚ ਉਹ ਵਿਧਾਨ ਸਭਾ 'ਚ ਬਜਟ 'ਤੇ ਵੋਟਿੰਗ ਦੌਰਾਨ ਗੈਰ-ਹਾਜ਼ਰ ਰਹੇ। ਪਠਾਨੀਆ ਵੱਲੋਂ ਭਾਜਪਾ ਦੇ 15 ਵਿਧਾਇਕਾਂ ਨੂੰ ਮੁਅੱਤਲ ਕੀਤੇ ਜਾਣ ਤੋਂ ਬਾਅਦ ਵਿੱਤ ਬਿੱਲ ਸਦਨ ਵਿੱਚ ਆਵਾਜ਼ ਵੋਟ ਨਾਲ ਪਾਸ ਹੋ ਗਿਆ। ਇਸ ਤੋਂ ਬਾਅਦ ਸਪੀਕਰ ਨੇ ਸੈਸ਼ਨ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ। ਹਿਮਾਚਲ ਪ੍ਰਦੇਸ਼ 'ਚ ਭਾਜਪਾ ਨੇ ਮੰਗਲਵਾਰ ਨੂੰ ਰਾਜ ਸਭਾ ਦੀ ਇਕਲੌਤੀ ਸੀਟ 'ਤੇ ਜਿੱਤ ਦਰਜ ਕੀਤੀ ਅਤੇ ਇਸ ਦੇ ਉਮੀਦਵਾਰ ਹਰਸ਼ ਮਹਾਜਨ ਨੇ ਕਾਂਗਰਸ ਉਮੀਦਵਾਰ ਅਭਿਸ਼ੇਕ ਮਨੂ ਸਿੰਘਵੀ ਨੂੰ ਹਰਾਇਆ। ਇਸ ਸੰਕਟ ਦੌਰਾਨ ਕਈ ਕਾਂਗਰਸੀ ਵਿਧਾਇਕਾਂ ਨੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਸਰਕਾਰੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। 68 ਮੈਂਬਰੀ ਹਿਮਾਚਲ ਪ੍ਰਦੇਸ਼ ਵਿਧਾਨ ਸਭਾ 'ਚ ਕਾਂਗਰਸ ਦੇ 40, ਭਾਜਪਾ ਦੇ 25 ਅਤੇ ਤਿੰਨ ਸੀਟਾਂ 'ਤੇ ਆਜ਼ਾਦ ਵਿਧਾਇਕਾਂ ਦਾ ਕਬਜ਼ਾ ਹੈ।

# ਫਾਜ਼ਿਲਕਾ 'ਚ ਚੌਲ ਮਿੱਲ 'ਚ ਕੰਮ ਕਰਦੀ ਔਰਤ ਦੀ ਹੋਈ ਮੌਤ

**ਫਾਜ਼ਿਲਕਾ।** ਫਾਜ਼ਿਲਕਾ ਦੇ ਪਿੰਡ ਚੂੜੀਆਂਵਾਲੀ 'ਚ ਚੌਲ ਮਿੱਲ 'ਚ ਕੰਮ ਕਰਦੀ ਔਰਤ ਮਸ਼ੀਨ 'ਚ ਫਸ ਗਈ। ਜ਼ਖ਼ਮੀ ਔਰਤ ਨੂੰ ਸਿਵਲ ਹਸਪਤਾਲ ਫਾਜ਼ਿਲਕਾ ਲਿਆਂਦਾ ਗਿਆ, ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿਤਾ। ਪੁਲਿਸ ਨੇ ਮ੍ਰਿਤਕ ਔਰਤ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਫਾਜ਼ਿਲਕਾ ਦੀ ਮੋਰਚਰੀ 'ਚ ਭੇਜ ਦਿਤਾ ਹੈ। ਮ੍ਰਿਤਕ ਔਰਤ ਨੀਲਮ ਦੇਵੀ (38) ਦੇ ਪਤੀ ਸਤਪ੍ਰਕਾਸ਼ ਵਾਸੀ ਹਰਦੋਈ, ਉੱਤਰ ਪ੍ਰਦੇਸ਼ ਨੇ ਦੱਸਿਆ ਕਿ ਦੋਵੇਂ ਪਤੀ-ਪਤਨੀ ਕਰੀਬ ਚਾਰ ਮਹੀਨਿਆਂ ਤੋਂ ਫਾਜ਼ਿਲਕਾ ਦੇ ਪਿੰਡ ਚੂੜੀਆਂਵਾਲੀ ਨੇੜੇ ਰਾਮ ਕ੍ਰਿਪਾ ਸ਼ੈਲਰ ਵਿਖੇ ਕੰਮ ਕਰਦੇ ਸਨ। ਪਹਿਲਾਂ ਉਨ੍ਹਾਂ ਦੀ ਦਿਨ ਦੀ ਡਿਊਟੀ ਸੀ ਅਤੇ ਪਿਛਲੇ ਕਰੀਬ ਇੱਕ ਮਹੀਨੇ ਤੋਂ ਉਹ ਰਾਤ ਦੀ ਡਿਊਟੀ ਕਰ ਰਹੇ ਸਨ। ਬੁੱਧਵਾਰ ਰਾਤ ਜਦੋਂ ਉਹ ਆਪਣੀ ਡਿਊਟੀ ਕਰ ਰਿਹਾ ਸੀ ਤਾਂ ਉਸ ਦੀ ਪਤਨੀ ਝੋਨਾ ਦੇਖਣ ਲਈ ਉੱਪਰ ਗਈ, ਜਿਸ ਦੌਰਾਨ ਅਚਾਨਕ ਉਸ ਦਾ ਪੈਰ ਤਿਲਕ ਗਿਆ ਅਤੇ ਉਹ ਝੋਨੇ ਦੇ



ਟੈਂਕਰ 'ਚ ਜਾ ਡਿੱਗੀ ਅਤੇ ਝੋਨੇ ਦੇ ਹੇਠਾਂ ਦੱਬ ਗਈ। ਜਿਸ ਕਾਰਨ ਉਨ੍ਹਾਂ ਨੇ ਬੜੀ ਮੁਸ਼ਕਲ ਨਾਲ ਉਸ ਨੂੰ ਬਾਹਰ ਕੱਢਿਆ। ਜਦੋਂ ਉਸ ਨੂੰ ਬਾਹਰ ਕੱਢਿਆ ਗਿਆ ਤਾਂ ਉਹ ਮੁਸ਼ਕਿਲ ਨਾਲ ਸਾਹ ਲੈ ਰਿਹਾ ਸੀ। ਜਿਸ ਤੋਂ ਬਾਅਦ ਉਨ੍ਹਾਂ ਨੇ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਅਤੇ ਇਲਾਜ ਲਈ ਸਿਵਲ ਹਸਪਤਾਲ ਲਿਜਾਂਦੇ ਸਮੇਂ ਰਸਤੇ 'ਚ ਉਸ ਦੀ ਮੌਤ ਹੋ ਗਈ। ਜਿਸ ਤੋਂ ਬਾਅਦ ਡਾਕਟਰਾਂ ਨੇ ਲਾਸ਼ ਨੂੰ ਮੁਰਦਾਘਰ 'ਚ ਰਖਵਾਇਆ ਅਤੇ ਪੁਲਿਸ ਨੂੰ ਸੂਚਨਾ ਦਿਤੀ। ਮ੍ਰਿਤਕ ਔਰਤ ਦੇ ਪਤੀ ਨੇ ਸਰਕਾਰ ਤੋਂ ਆਰਥਿਕ ਮਦਦ ਦੀ ਮੰਗ ਕੀਤੀ ਹੈ।

Grow your Business with Ads in
World Punjabi News
e-paper | Website Ads | Facebook Page | YouTube Channel
Call us: 98159-53539 or Mail us - worldpunjabinews@gmail.com

# ਵਿਕਾਸ ਵੱਲ ਵਧਦੇ ਹੋਏ ਮਾਨ ਸਰਕਾਰ ਨੇ ਜ਼ਿਲ੍ਹੇ ਨੂੰ ਦਿੱਤਾ 283 ਕਰੋੜ ਦਾ ਤੋਹਫਾ  ਮਹਿੰਦਰ ਭਗਤ

**ਜਲੰਧਰ ( ਪੂਜਾ ਸ਼ਰਮਾ)** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮੀਡੀਅਮ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਮਹਿੰਦਰ ਭਗਤ ਨੇ ਕਿਹਾ ਕਿ ਵਿਕਾਸ ਦੀ ਲੀਹ 'ਤੇ ਅੱਗੇ ਵਧਦੇ ਹੋਏ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਿਲ੍ਹੇ ਵਿੱਚ 283 ਕਰੋੜ ਰੁਪਏ ਦੇ ਪ੍ਰੋਜੈਕਟ ਲਾਂਚ ਕੀਤੇ ਹਨ। ਉਨ੍ਹਾਂ ਦੱਸਿਆ ਕਿ ਨਕੋਦਰ ਵਿੱਚ 6 ਕਰੋੜ ਰੁਪਏ ਦੀ ਲਾਗਤ ਨਾਲ ਜੱਚਾ-ਬੱਚਾ ਲਈ 30 ਬਿਸਤਰਿਆਂ ਦਾ ਹਸਪਤਾਲ ਬਣਾਇਆ ਗਿਆ ਹੈ। ਜਿਸ ਵਿੱਚ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਭਗਤ ਨੇ ਕਿਹਾ ਕਿ ਇਸ ਦੇ ਨਾਲ ਹੀ ਉਦਯੋਗਿਕ ਖੇਤਰ ਵਿੱਚ ਸਸਤੀ ਬਿਜਲੀ ਵੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਰੋਜ਼ ਕੁਝ ਨਵਾਂ ਅਤੇ ਚੰਗਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ



ਦੀ ਜਿੰਨੀ ਵੀ ਤਾਰੀਫ ਕੀਤੀ ਜਾਵੇ ਘੱਟ ਹੈ। ਕਿਉਂਕਿ ਉਹ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਦਿਨ ਰਾਤ ਮਿਹਨਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ 410 ਨਵੀਆਂ ਹਾਈਟੈੱਕ ਗੱਡੀਆਂ ਪੰਜਾਬ ਪੁਲਿਸ ਨੂੰ ਸੌਂਪੀਆਂ ਹਨ।

# ਦਿੱਲੀ: ਵਿਚ ਭਾਜਪਾ ਵਰਕਰ ਵਰਸ਼ਾ ਪੰਵਾਰ ਦਾ ਕਤਲ

**ਨਵੀਂ ਦਿੱਲੀ।** ਉੱਤਰੀ ਦਿੱਲੀ ਤੋਂ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਦਿੱਲੀ ਦੇ ਨਰੇਲਾ ਵਿਚ ਇੱਕ ਲੜਕੀ ਦਾ ਕਤਲ ਕਰ ਦਿੱਤਾ ਗਿਆ ਹੈ। ਲੜਕੀ ਨੂੰ ਉਸ ਦੇ ਦਫਤਰ ਵਿਚ ਮਾਰਿਆ ਗਿਆ ਹੈ। ਮ੍ਰਿਤਕ ਲੜਕੀ ਦੀ ਪਹਿਚਾਣ ਵਰਸ਼ਾ ਪੰਵਾਰ ਵਜੋਂ ਹੋਈ ਹੈ। ਉਹ ਭਾਜਪਾ ਦੀ ਵਰਕਰ ਸੀ।ਪੁਲਿਸ ਕਤਲ ਦਾ ਕਾਰਨ ਪ੍ਰੇਮ ਸਬੰਧਾਂ ਨੂੰ ਮੰਨ ਰਹੀ ਹੈ। ਅਚਾਨਕ ਇਹ ਖਬਰ ਵੀ ਸਾਹਮਣੇ ਆਈ ਕਿ ਵਰਸ਼ਾ ਦੇ ਕਤਲ ਦੇ ਦੋਸ਼ੀ ਅਤੇ ਵਰਸ਼ਾ ਦੇ ਦੋਸਤ ਨੇ ਖੁਦਕੁਸ਼ੀ ਕਰ ਲਈ ਹੈ।



ਦੋਸ਼ੀ ਸੋਹਨ ਲਾਲਨ ਨੇ ਸੋਨੀਪਤ ਦੇ ਰੇਲਵੇ ਟਰੈਕ 'ਤੇ ਖੁਦਕੁਸ਼ੀ ਕਰ ਲਈ।

ਵਰਸ਼ਾ ਦੇ ਲਾਪਤਾ ਹੋਣ ਤੋਂ ਬਾਅਦ ਉਸ ਦੇ ਪਿਤਾ ਨੇ ਗੁੰਮਸ਼ੁਦਗੀ ਦੀ ਰਿਪੋਰਟ ਵੀ ਦਰਜ ਕਰਵਾਈ ਸੀ। ਪੁਲਿਸ ਮਾਮਲੇ ਦੀ ਜਾਂਚ ਵਿੱਚ ਜੁੱਟ ਗਈ ਹੈ।

# ਹਾਈਕੋਰਟ ਦੀ ਸਖ਼ਤ ਟਿੱਪਣੀ, ਗੁਰਮੀਤ ਰਾਮ ਰਹੀਮ ਨੂੰ ਭਵਿੱਖ 'ਚ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਪੈਰੋਲ ਨਹੀਂ ਮਿਲੇਗੀ

**ਚੰਡੀਗੜ੍ਹ ।** ਹਰਿਆਣਾ ਸਰਕਾਰ ਵੱਲੋਂ ਬਲਾਤਕਾਰੀ ਸੌਦਾ ਸਾਧ ਦੀ ਲਗਾਤਾਰ ਰਿਹਾਈ ਵਿਰੁੱਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਾਇਰ ਪਟੀਸ਼ਨ ਦਾ ਦਾਇਰਾ ਵਧਾਉਂਦਿਆਂ ਹਾਈ ਕੋਰਟ ਨੇ ਸੂਬਾ ਸਰਕਾਰ ਨੂੰ ਇਹ ਦੱਸਣ ਲਈ ਕਿਹਾ ਕਿ ਕੀ ਇਸ ਤਰ੍ਹਾਂ ਦੇ ਲਾਭ ਜੇਲ੍ਹ ਦੇ ਬਾਕੀ ਕੈਦੀਆਂ ਨੂੰ ਵੀ ਦਿੱਤੇ ਗਏ ਹਨ। ਸੁਣਵਾਈ ਸ਼ੁਰੂ ਹੁੰਦੇ ਹੀ ਹਾਈ ਕੋਰਟ ਨੇ ਡੇਰਾ ਸੱਚਾ ਸੌਦਾ ਮੁਖੀ ਨੂੰ ਸਰਕਾਰ ਵੱਲੋਂ ਵਾਰ-ਵਾਰ ਪੈਰੋਲ/ਫਰਲੋ ਦੇਣ 'ਤੇ ਸਵਾਲ ਚੁੱਕੇ। ਡੇਰਾ ਮੁਖੀ ਨਾਲ ਵਿਸ਼ੇਸ਼ ਵਿਵਹ-ਾਰ ਕਰਨ 'ਤੇ ਅਦਾਲਤ ਨੇ ਕਿਹਾ ਕਿ ਵੱਡੀ ਗਿਣਤੀ 'ਚ ਲੋਕ ਜੇਲ੍ਹਾਂ 'ਚ ਹਨ ਜੋ ਪੈਰੋਲ/ਫਰਲੋ ਦੀ ਉਡੀਕ ਕਰ ਰਹੇ ਹਨ। ਸਰਕਾਰ ਵੱਲੋਂ ਕੁਝ ਅਦਾਲਤੀ ਫ਼ੈਸਲਿਆਂ ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਸੀ ਕਿ ਡੇਰਾ ਮੁਖੀ ਕੋਈ ਹਾਰਡ ਕੋਰ ਅਪਰਾਧੀ ਨਹੀਂ ਹੈ ਅਤੇ ਕੇਸ ਅਨੁਸਾਰ ਪੈਰੋਲ/ਫਰਲੋ 'ਤੇ ਵਿਚਾਰ ਕੀਤਾ ਜਾਂਦਾ ਹੈ ਅਤੇ ਫ਼ੈਸਲਾ ਲਿਆ ਜਾਂਦਾ ਹੈ। ਸਰਕਾਰ ਦੇ ਜਵਾਬ 'ਤੇ ਹਾਈ ਕੋਰਟ ਦੇ ਬੈਂਚ ਨੇ ਕਿਹਾ ਕਿ ਪਹਿਲਾਂ



ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ਕਿੰਨੇ ਕੈਦੀਆਂ ਨੂੰ ਪੈਰੋਲ ਅਤੇ ਫਰਲੋ ਲਈ ਅਰਜ਼ੀਆਂ ਮਿਲੀਆਂ ਹਨ ਅਤੇ ਉਨ੍ਹਾਂ 'ਚੋਂ ਕਿੰਨੇ ਨੂੰ ਪੈਰੋਲ ਅਤੇ ਫਰਲੋ ਦਿੱਤੀ ਗਈ ਹੈ। ਅਦਾਲਤ ਨੇ ਇਹ ਵੀ ਪੁੱਛਿਆ ਕਿ ਜਿਸ ਕੇਸ ਵਿਚ ਡੇਰਾ ਮੁਖੀ ਨੂੰ ਦੋਸ਼ੀ ਠਹਿਰਾਇਆ ਗਿਆ ਹੈ, ਉਸ ਕੇਸ ਵਿਚ ਹੁਣ ਤੱਕ ਇਸੇ ਅਪਰਾਧ ਦੇ ਹੋਰ ਕਿੰਨੇ ਦੋਸ਼ੀਆਂ ਨੂੰ ਪੈਰੋਲ ਅਤੇ ਫਰਲੋ ਦਿੱਤੀ ਗਈ ਹੈ, ਹੁਣ ਤੱਕ ਕਿੰਨੀ ਵਾਰ ਪੈਰੋਲ ਅਤੇ ਫਰਲੋ ਦਿੱਤੀ ਜਾ ਚੁੱਕੀ ਹੈ ਅਤੇ ਕਿੰਨੀਆਂ ਅਰਜ਼ੀਆਂ ਅਜੇ ਵੀ ਪੈਂਡਿੰਗ ਹਨ, ਇਸ ਬਾਰੇ ਪਹਿਲਾਂ ਸੂਚਿਤ ਕੀਤਾ ਜਾਣਾ ਚਾਹੀਦਾ ਹੈ।

# ਮੁਕੇਸ਼ ਅੰਬਾਨੀ ਦੇ ਬੇਟੇ ਅਨੰਤ ਦੇ ਵਿਆਹ ਤੋਂ ਪਹਿਲਾਂ ਦੇ ਜਸ਼ਨ ਵਿਚ ਬਿਲ ਗੇਟਸ, ਜ਼ੁਕਰਬਰਗ ਤੋਂ ਲੈ ਕੇ ਕਤਰ ਦੇ ਪੀ.ਐੱਮ ਵੀ ਹੋਣਗੇ ਮਹਿਮਾਨ

**ਨਵੀਂ ਦਿੱਲੀ।** ਦੇਸ਼ ਦੇ ਸਭ ਤੋਂ ਵੱਡੇ ਕਾਰੋਬਾਰੀ ਮੁਕੇਸ਼ ਅੰਬਾਨੀ ਦੇ ਛੋਟੇ ਬੇਟੇ ਅਨੰਤ ਅੰਬਾਨੀ ਅਤੇ ਰਾਧਿਕਾ ਮਰਚੈਂਟ ਦਾ ਵਿਆਹ ਤੋਂ ਪਹਿਲਾਂ ਦਾ ਜਸ਼ਨ 1 ਤੋਂ 3 ਮਾਰਚ ਤੱਕ ਗੁਜਰਾਤ ਦੇ ਜਾਮ-ਨਗਰ ਵਿਚ ਹੋਵੇਗਾ। ਇਸ ਸਮਾਗਮ ਵਿੱਚ ਦੇਸ਼-ਦੁਨੀਆਂ ਦੀਆਂ ਕਈ ਵੱਡੀਆਂ ਸ਼ਖ਼ਸੀਅਤਾਂ ਸ਼ਿਰਕਤ ਕਰਨ ਜਾ ਰਹੀਆਂ ਹਨ, ਜਿਨ੍ਹਾਂ ਨੂੰ ਸੱਦਾ ਪੱਤਰ ਭੇਜੇ ਗਏ ਹਨ। ਪ੍ਰੋਗਰਾਮ 'ਚ ਬਾਲੀਵੁੱਡ ਤੋਂ ਇਲਾਵਾ ਵਿਦੇਸ਼ੀ ਹਸਤੀਆਂ ਵੀ ਪਰਫਾਰਮ ਕਰਨ ਜਾ ਰਹੀਆਂ ਹਨ, ਜਿਨ੍ਹਾਂ 'ਚ ਪੌਪ ਸਿੰਗਰ ਰਿਹਾਨਾ ਵੀ ਸ਼ਾਮਿਲ ਹੈ।

**ਗਲੋਬਲ ਆਈਕਨ ਰਿਹਾਨਾ ਪ੍ਰਦਰਸ਼ਨ ਕਰੇਗੀ**

ਜਾਮਨਗਰ ਦੇ ਰਿਲਾਇੰਸ ਗ੍ਰੀਨਸ ਕੰਪਲੈਕਸ 'ਚ



ਹੋਣ ਵਾਲੇ ਇਸ ਸਮਾਗਮ 'ਚ ਗਲੋਬਲ ਆਈਕਨ ਰਿਹਾਨਾ, ਕਤਰ ਦੇ ਪ੍ਰਧਾਨ ਮੰਤਰੀ ਮੁਹੰਮਦ ਬਿਨ ਅਬਦੁਲ ਰਹਿਮਾਨ ਬਿਨ ਜਾਸਿਮ ਅਲ ਥਾਨੀ, ਬਿਲ ਗੇਟਸ, ਫੇਸਬੁੱਕ ਦੇ ਮਾਰਕ ਜ਼ੁਕਰਬਰਗ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਬੇਟੀ ਇਵਾਂਕਾ ਟਰੰਪ ਅਤੇ ਸੁੰਦਰ ਪਿਚਾਈ ਵੀ ਸ਼ਾਮਿਲ ਹੋਣਗੇ।

# 5 ਮਹੀਨੇ ਦੀ ਬੱਚੀ ਦੇ ਰੋਣ ਤੋਂ ਦੁਖੀ ਪਿਓ ਨੇ ਗਲਾ ਘੁੱਟ ਕੇ ਮਾਰੀ ਮਾਸੂਮ ਬੱਚੀ

**ਅਹਿਮਦਾਬਾਦ।** ਗੁਜਰਾਤ ਦੇ ਅਹਿਮਦਾਬਾਦ ਵਿਚ ਇਕ ਦਰਦਨਾਕ ਘਟਨਾ ਵਾਪਰੀ ਹੈ। ਇਥੇ ਇਕ ਕਲਯੁਗੀ ਪਿਤਾ ਨੇ ਆਪਣੀ ਪੰਜ ਮਹੀਨੇ ਦੀ ਧੀ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਦੱਸਿਆ ਜਾ ਰਿਹਾ ਹੈ ਕਿ ਦੋਸ਼ੀ ਪਿਤਾ ਬੇਟੀ ਹੋਣ ਕਾਰਨ ਪਰੇਸ਼ਾਨ ਸੀ। ਬੁੱਧਵਾਰ ਨੂੰ ਉਹ ਆਪਣੀ ਪਤਨੀ ਅਤੇ ਬੇਟੀ ਨਾਲ ਹਸਪਤਾਲ ਗਿਆ ਸੀ। ਲੜਕੀ ਲਗਾਤਾਰ ਰੋ ਰਹੀ ਸੀ ਅਤੇ ਇਸ ਕਾਰਨ ਕਲਯੁਗੀ ਪਿਤਾ ਨੇ ਗੁੱਸੇ 'ਚ ਆ ਕੇ ਆਪਣੀ ਧੀ ਦਾ ਕਤਲ ਕਰ ਦਿੱਤਾ। ਮੁਲਜ਼ਮ ਦੀ ਪਤਨੀ ਨੇ ਥਾਣਾ ਸਿਟੀ ਕੋਟੜਾ ਵਿੱਚ ਸ਼ਿਕਾਇਤ ਦਰਜ ਕਰਵਾਈ ਅਤੇ ਪੁਲਿਸ ਨੇ ਕਾਤਲ ਪਿਤਾ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਨੇ ਦੱਸਿਆ ਕਿ ਗੋਮਤੀਪੁਰ ਦੇ ਰਹਿਣ ਵਾਲੇ ਅਹਿਮਦ ਅੰਸਾਰੀ ਦੇ ਘਰ ਬੱਚੀ ਨੇ ਜਨਮ ਲਿਆ, ਜਿਸ ਦੀ ਉਮਰ ਸਿਰਫ ਪੰਜ ਮਹੀਨੇ ਸੀ। ਉਹ ਛੋਟੀ-ਮੋਟੀ ਨੌਕਰੀ ਕਰਕੇ ਘਰ ਦਾ ਗੁਜ਼ਾਰਾ ਚਲਾਉਂਦਾ। ਉਹ ਬੱਚੀ ਦੇ ਜਨਮ ਤੋਂ ਪਰੇਸ਼ਾਨ ਸੀ ਅਤੇ ਆਪਣੇ ਕੰਮ 'ਤੇ ਵੀ ਧਿਆਨ ਨਹੀਂ ਦੇ ਪਾ ਰਿਹਾ ਸੀ। ਉਸ ਦਾ ਮਾਨਸਿਕ ਇਲਾਜ ਵੀ ਚੱਲ ਰਿਹਾ ਸੀ। ਬੁੱਧਵਾਰ ਰਾਤ ਅਚਾਨਕ ਉਸ ਦੀ ਪਤਨੀ ਦੇ ਪੇਟ 'ਚ ਦਰਦ ਹੋਣ ਲੱਗਾ ਅਤੇ ਉਹ ਆਪਣੀ



ਪਤਨੀ ਅਤੇ ਮਾਸੂਮ ਬੇਟੀ ਨੂੰ ਹਸਪਤਾਲ ਲੈ ਗਿਆ। ਪਤਨੀ ਦੀ ਸੋਨੋਗ੍ਰਾਫੀ ਕਰਵਾਈ ਜਾ ਰਹੀ ਸੀ ਅਤੇ ਇਸ ਦੌਰਾਨ ਬੱਚੀ ਰੋ ਰਹੀ ਸੀ। ਅਹਿਮਦ ਨੇ ਵੀ ਬੱਚੀ ਨੂੰ ਚੁੱਪ ਕਰਵਾਉਣ ਦੀ ਕੋਸ਼ਿਸ਼ ਕੀਤੀ ਪਰ ਲੜਕੀ ਰੋਂਦੀ ਰਹੀ। ਇਸ ਤੋਂ ਬਾਅਦ ਉਸ ਨੇ ਲੜਕੀ ਦਾ ਮੂੰਹ ਅਤੇ ਗਲਾ ਦਬਾ ਦਿੱਤਾ ਅਤੇ ਉਹ ਬੇਹੋਸ਼ ਹੋ ਗਈ। ਅਹਿਮਦ ਨੇ ਪਹਿਲਾਂ ਤਾਂ ਲੜਕੀ ਦੇ ਚਿਹਰੇ 'ਤੇ ਪਾਣੀ ਦੇ ਛਿੜਕਾਅ ਕਰਨੇ ਸ਼ੁਰੂ ਕਰ ਦਿੱਤੇ ਪਰ ਲੜਕੀ ਨਹੀਂ ਉੱਠੀ। ਉੱਥੋਂ ਲੰਘਣ ਵਾਲੇ ਲੋਕਾਂ ਨੂੰ ਕੁਝ ਗਲਤ ਹੋਣ ਦਾ ਸ਼ੱਕ ਹੋਇਆ ਅਤੇ ਪੁਲਿਸ ਨੂੰ ਸੂਚਨਾ ਦਿੱਤੀ। ਮੌਕੇ 'ਤੇ ਪਹੁੰਚੀ ਪੁਲਿਸ ਨੇ ਲੜਕੀ ਅਤੇ ਉਸ ਦੇ ਪਿਤਾ ਨੂੰ ਨੇੜੇ  ਹਸਪਤਾਲ ਲੈ ਕੇ ਗਈ । ਜਾਂਚ ਤੋਂ ਬਾਅਦ ਡਾਕਟਰ ਨੇ ਬੱਚੀ ਨੂੰ ਮ੍ਰਿਤਕ ਐਲਾਨ ਦਿਤਾ। ਪੁਲਿਸ ਨੇ ਸਖਤੀ ਨਾਲ ਪੁੱਛਗਿੱਛ ਤੋਂ ਬਾਅਦ ਬੱਚੀ ਦੇ ਕਤਲ ਦੇ ਦੋਸ਼ 'ਚ ਕਾਤਲ ਅਹਿਮਦ ਨੂੰ ਗ੍ਰਿਫਤਾਰ ਕਰ ਲਿਆ।

# ਤਰਨਤਾਰਨ 'ਚ ਦਿਨ-ਦਿਹਾੜੇ ਵੱਡੀ ਵਾਰਦਾਤ, ਲੁਟੇਰਿਆਂ ਨੇ ਬੈਂਕ 'ਚੋਂ ਲੁੱਟੇ 8 ਲੱਖ ਰੁਪਏ

**ਤਰਨਤਾਰਨ।** ਤਰਨਤਾਰਨ ਵਿਚ ਦਿਨ ਦਿਹਾੜੇ ਵੱਡੀ ਵਾਰਦਾਤ ਵਾਪਰੀ ਹੈ। ਇਥੇ ਸਟੇਟ ਬੈਂਕ ਆਫ ਇੰਡੀਆ ਦੀ ਬ੍ਰਾਂਚ 'ਚੋਂ ਦਿਨ-ਦਿਹਾੜੇ ਦੋ ਹਥਿਆਰਬੰਦ ਲੁਟੇਰਿਆਂ ਨੇ  8 ਲੱਖ ਰੁਪਏ ਦੀ ਲੁੱਟ ਕੀਤੀ ਹੈ। ਲੁਟੇਰੇ ਬੈਂਕ ਦੇ ਸੁਰੱਖਿਆ ਗਾਰਡ ਦੀ ਰਾਈਫਲ ਖੋਹ ਕੇ ਆਪਣੇ ਨਾਲ ਲੈ ਗਏ ਹਨ। ਮਾਮਲੇ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਮੌਕੇ ਤੇ ਪਹੁੰਚ ਗਏ। ਮਿਲੀ ਜਾਣਕਾਰੀ ਅਨੁਸਾਰ ਲੁਟੇਰੇ ਬੁੱਲਟ 'ਤੇ ਆਏ ਸਨ ਤੇ ਜਾਂਦੇ ਸਮੇਂ ਉਹ ਬੁੱਲਟ ਰਸਤੇ ਵਿਚ ਸੁੱਟ ਗਏ ਅਤੇ ਰਸਤੇ 'ਚ ਖੜੀ ਕਾਰ 'ਚ ਫਰਾਰ ਹੋ ਗਏ। ਬੈਂਕ 'ਚੋਂ ਲੁੱਟੀ ਗਈ ਰਕਮ




ਦਾ ਅਜੇ ਪਤਾ ਨਹੀਂ ਲੱਗ ਸਕਿਆ ਪੁਲਿਸ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕਰ ਰਹੀ ਹੈ। ਦਿਨ-ਦਿਹਾੜੇ ਹੋਈ ਇਸ ਵਾਰਦਾਤ ਨਾਲ ਇਲ-ਾਕੇ ਵਿੱਚ ਕਾਫੀ ਦਹਿਸ਼ਤ ਫੈਲ ਗਈ ਹੈ।

for more news visit:
www.worldpunjabinews.com

ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ ਵਰਲਡ ਪੰਜਾਬੀ ਨਿਊਜ਼ ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਆਪਣੇ ਪੱਧਰ 'ਤੇ ਕਰਨ। ਵਰਲਡ ਪੰਜਾਬੀ ਨਿਊਜ਼ ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- **ਸੰਪਾਦਕ**